
ਆਪ
ਆਮ ਆਦਮੀ ਪਾਰਟੀ



ਪੰਜਾਬ ਦੇ ਦਲਿਤ ਭਾਈਚਾਰੇ ਦੇ ਸਮਾਜਿਕ ਅਤੇ ਆਰਥਿਕ ਵਿਕਾਸ ਲਈ

ਦਲਿਤ ਮੈਨੀਫੈਸਟੋ



ਚੋਣ ਨਿਸ਼ਾਨ
ਝਾੜੂ

ਅਰਵਿੰਦ ਕੇਜਰੀਵਾਲ ਦੀ ਪੰਜਾਬੀਆਂ ਦੇ ਨਾਲ ਵਚਨਬੱਧਤਾ

1. ਸਾਰੇ ਦਲਿਤ ਪਰਿਵਾਰਾਂ ਲਈ ਮਕਾਨ: ਦਲਿਤ ਭਾਈਚਾਰੇ ਦੇ ਲੋਕਾਂ ਨੂੰ ਪੱਕੇ ਮਕਾਨ ਮੁਹੱਈਆ ਕਰਵਾਉਣ ਲਈ ਘੱਟ ਲਾਗਤ ਵਾਲੀ ਰਿਹਾਇਸ਼ੀ ਯੋਜਨਾ। ਦਲਿਤਾਂ ਦੇ ਕੱਚੇ ਅਤੇ ਪੱਕੇ ਮਕਾਨਾਂ ਦਾ ਪੰਜੀਕਰਨ ਕੀਤਾ ਜਾਵੇਗਾ, ਤਾਂਕਿ ਉਹ ਕਰਜਾ ਲੈਣ ਦੇ ਸਮਰੱਥ ਹੋ ਸਕਣ ਅਤੇ ਨਾਲ ਹੀ ਕੁਦਰਤੀ ਆਫਤਾਂ ਕਾਰਨ ਹੋਏ ਨੁਕਸਾਨ ਲਈ ਮੁਆਵਜਾ ਪ੍ਰਾਪਤ ਕਰ ਸਕਣ।

2. ਦਲਿਤ ਵਰਗ ਲਈ ਸ਼ਾਮਲਾਟ ਜਮੀਨ ਦੀ ਬੋਲੀ ਕੀਤੀ ਜਾਵੇਗੀ ਤਾਂ ਜੋ ਰਸੁਖਦਾਰ ਲੋਕਾਂ ਦੀ ਪ੍ਰਤਿਨਧੀ ਰੋਕੀ ਜਾ ਸਕੇ ਅਤੇ ਨਾਲ ਹੀ ਇਨਾਂ ਜਮੀਨਾਂ ਉਤੇ ਗੈਰਕਾਨੂੰਨੀ ਤਰੀਕੇ ਨਾਲ ਕੀਤੇ ਕਬਜਿਆਂ ਨੂੰ ਹਟਾਇਆ ਜਾਵੇਗਾ। ਇਸ ਮਕਸਦ ਲਈ ਦਲਿਤ ਵਰਗ ਦੀਆਂ ਕੋਆਪਰੇਟਿਵ ਸੋਸਾਇਟੀਆਂ ਨੂੰ ਜਮੀਨ ਦਿੱਤੀ ਜਾਵੇਗੀ। ਜਿੱਥੇ ਦਲਿਤ ਵਰਗ ਦੀ ਕੋਆਪਰੇਟਿਵ ਸੋਸਾਇਟੀ ਨਹੀਂ ਹੋਵੇਗੀ, ਉਥੇ ਦਲਿਤ ਵਰਗ ਦੀ ਪੰਜ ਮੈਂਬਰੀ ਕਮੇਟੀ ਬੋਲੀ ਨੂੰ ਮਨਜੂਰ ਕਰੇਗੀ। ਸ਼ਾਮਲਾਟ ਜਮੀਨ ਉਤੇ ਦਲਿਤ ਵਰਗ ਲਈ ਸਰਕਾਰੀ ਟਿਊਬਵੈਲ ਲਗਾਏ ਜਾਣਗੇ। ਇਸ ਤੋਂ ਇਲਾਵਾ ਕੋਆਪਰੇਟਿਵ ਸੋਸਾਇਟੀਆਂ ਵਿੱਚ ਇਸ ਜਮੀਨ ਦੀ ਵਹਾਈ ਲਈ ਟ੍ਰੈਕਟਰਾਂ ਅਤੇ ਸੰਦਾਂ ਦੇ ਮੁਫਤ ਇਸਤੇਮਾਲ ਦਾ ਵੀ ਪ੍ਰਬੰਧ ਹੋਵੇਗਾ।

3. ਪੰਜਾਬ ਅਨੁਸੂਚਿਤ ਜਾਤੀ ਕਮਿਸ਼ਨ ਨੂੰ ਜਿਆਦਾ ਤਾਕਤਾਂ ਦਿੱਤੀਆਂ ਜਾਣਗੀਆਂ ਅਤੇ ਹੋਰ ਸ਼ਕਤੀਸ਼ਾਲੀ ਬਣਾਇਆ ਜਾਵੇਗਾ ਤਾਂ ਜੋ ਦਲਿਤਾਂ ਦੇ ਖਿਲਾਫ ਹੁੰਦੇ ਅੱਤਿਆਚਾਰ ਤੇ ਵਧੀਕੀਆਂ ਨੂੰ ਸਜਾਯੋਗ ਬਣਾਇਆ ਜਾਣਾ ਸੁਨਿਸ਼ਚਿਤ ਹੋ ਸਕੇ। ਦਲਿਤਾਂ ਤੋਂ ਜਿਆਦਾ ਘੰਟੇ ਕੰਮ ਕਰਵਾਉਣਾ, ਪੈਨਸ਼ਨ ਗ੍ਰਾਂਟ ਵਿੱਚ ਲੁੱਟ, ਘੱਟੋ-ਘੱਟ ਤੈਅ ਮਜਦੂਰੀ ਅਤੇ ਹੋਰ ਲਾਭ ਜਿਹੜੇ ਸਿਆਸੀ ਪ੍ਰਭਾਵ ਕਾਰਨ ਨਹੀਂ ਦਿੱਤੇ ਜਾਂਦੇ, ਇਹ ਸਭ ਇਸ ਵਿੱਚ ਸ਼ਾਮਿਲ ਹੈ। ਕਮਿਸ਼ਨ ਵਿੱਚ ਹਰ ਜਿਲੇ ਤੋਂ ਇੱਕ ਦਲਿਤ ਨੁਮਾਇੰਦਾ ਹੋਵੇਗਾ।

4. ਪੋਸਟ-ਮੈਟ੍ਰਿਕ ਵਜੀਫਾ ਰਾਸ਼ੀ ਨੂੰ ਸਹੀ ਢੰਗ ਨਾਲ ਲਾਗੂ ਕਰਵਾਉਣ ਲਈ ਇੱਕ ਵਿਸ਼ੇਸ਼ ਸੈਲ ਦਾ ਗਠਨ ਕੀਤਾ ਜਾਵੇਗਾ, ਜੋ ਇਸ ਉਤੇ ਨਜਰ ਰੱਖੇਗਾ। ਇਸਦੇ ਨਾਲ ਹੀ ਇੱਕ ਸਮਾਂਬੱਧ ਜਾਂਚ ਕਰਵਾਈ ਜਾਵੇਗੀ, ਤਾਂ ਜੋ ਅਜਿਹੇ ਵਿਅਕਤੀਆਂ ਨੂੰ ਲੱਭਿਆ ਜਾ ਸਕੇ, ਜਿਨਾਂ ਨੇ ਇਸ ਸਕੀਮ ਅਧੀਨ ਦਲਿਤਾਂ ਲਈ ਆਈ ਰਾਸ਼ੀ ਹੜਪੀ ਹੈ ਅਤੇ ਉਨਾਂ ਨੂੰ ਸਜਾ ਦਿੱਤੀ ਜਾ ਸਕੇ।

5. ਪਿਛਲੇ ਪੰਜ ਸਾਲਾਂ ਵਿੱਚ ਦਲਿਤਾਂ ਉਤੇ ਹੋਏ ਅੱਤਿਆਚਾਰ ਅਤੇ ਉਨਾਂ ਖਿਲਾਫ ਹੋਏ ਝੂਠੇ ਮਾਮਲਿਆਂ ਲਈ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕੀਤਾ ਜਾਵੇਗਾ, ਜੋ ਅਜਿਹੇ ਮਾਮਲਿਆਂ ਵਿੱਚ ਮਿਸਾਲੀ ਸਜਾ ਦੀ ਸਿਫਾਰਿਸ਼ ਕਰੇਗੀ।

6. ਦਲਿਤ ਵਰਗ ਦੀਆਂ ਖਾਲੀ ਪਈਆਂ ਰਾਖਵੀਆਂ ਅਸਾਮੀਆਂ ਨੂੰ ਭਰਿਆ ਜਾਵੇਗਾ। ਇਸਦੇ ਲਈ ਹਰੇਕ ਵਿਭਾਗ ਵਿੱਚ ਇੱਕ ਕਮੇਟੀ ਦਾ ਗਠਨ ਕੀਤਾ ਜਾਵੇਗਾ, ਜੋ ਖਾਲੀ ਪਈਆਂ ਅਸਾਮੀਆਂ ਦੀ ਪਹਿਚਾਣ ਕਰਕੇ ਉਨਾਂ ਨੂੰ ਭਰੇਗੀ।

7. ਛੋਟਾ ਵਪਾਰ ਜਾਂ ਪਿੰਡ ਪੱਧਰੀ ਉਦਯੋਗ ਸ਼ੁਰੂ ਕਰਨ ਲਈ ਦਲਿਤ ਭਾਈਚਾਰੇ ਦੇ ਲੋਕਾਂ ਨੂੰ ਬਿਨਾ ਗਾਰੰਟੀ ਦੇ 2 ਲੱਖ ਰੁਪਏ ਤੱਕ ਦਾ ਕਰਜਾ ਮੁਹੱਈਆ ਕਰਵਾਇਆ ਜਾਵੇਗਾ, ਤਾਂ ਜੋ ਉਹ ਉਚਪੱਧਰੀ ਜੀਵਨ ਬਤੀਤ ਕਰ ਸਕਣ।

8. ਸਾਰੇ ਵਿੱਦਿਅਕ ਅਦਾਰਿਆਂ, ਸਰਕਾਰੀ ਤੇ ਪ੍ਰਾਈਵੇਟ ਦਫਤਰਾਂ ਅਤੇ ਗੈਰ-ਸਰਕਾਰੀ ਸੰਸਥਾਵਾਂ ਨੂੰ ਦਲਿਤਾਂ ਦੇ ਖਿਲਾਫ ਵਧੀਕੀਆਂ ਨਾਲ ਨਜਿੱਠਣ ਲਈ ਇੱਕ ਸ਼ਿਕਾਇਤ ਦਫਤਰ ਬਣਾਉਣ ਲਾਜਮੀ ਹੋਵੇਗਾ। ਹਰ ਬਲਾਕ ਵਿੱਚ ਦਲਿਤ ਨਾਗਰੀਕਾਂ ਨੂੰ ਇਸਦੇ ਫਾਇਦਿਆਂ ਬਾਰੇ ਦੱਸਿਆ ਜਾਵੇਗਾ ਅਤੇ ਇੱਥੇ ਉਹ ਸਰਕਾਰੀ ਸਟਾਫ ਵੱਲੋਂ ਲੋਕ-ਭਲਾਈ ਸਕੀਮਾਂ ਲਈ ਕੀਤੀ ਜਾਂਦੀ ਖੱਜਲ-ਖੁਆਰੀ ਅਤੇ ਭ੍ਰਿਸ਼ਟਾਚਾਰ ਖਿਲਾਫ ਸ਼ਿਕਾਇਤ ਕਰ ਸਕਦੇ ਹਨ।

9. ਫਸਲ ਖਰਾਬ ਹੋਣ ਦੀ ਸੂਰਤ ਵਿੱਚ ਖੇਤ ਮਜਦੂਰਾਂ ਨੂੰ ਕੰਮ ਦਾ ਘਾਟਾ ਹੋਣ ਕਾਰਨ 10 ਹਜਾਰ ਰੁਪਏ ਮਹੀਨਾ ਮੁਆਵਜਾ ਦਿੱਤਾ ਜਾਵੇਗਾ। ਅਨੁਸੂਚਿਤ ਜਾਤਾਂ ਅਤੇ ਵਿਮੁਕਤ ਜਾਤੀਆਂ ਲਈ ਮਨਰੇਗਾ ਕਾਰਡ ਪਹਿਲਾ ਦੇ ਆਧਾਰ ਉਤੇ ਬਣਾਏ ਜਾਣਗੇ ਅਤੇ ਇਸ ਸਕੀਮ ਲਈ ਹੋਰ ਕਾਰਜ ਖੇਤਰਾਂ ਦੀ ਤਲਾਸ਼ ਕੀਤੀ ਜਾਵੇਗੀ।

10. ਸ਼ਗਨ ਸਕੀਮ ਤਹਿਤ ਰਾਸ਼ੀ 51 ਹਜਾਰ ਰੁਪਏ ਤੱਕ ਵਧਾਈ ਜਾਵੇਗੀ। ਬੁਡਾਪਾ ਪੈਨਸ਼ਨ, ਵਿਧਵਾ ਪੈਨਸ਼ਨ ਅਤੇ ਅੰਗਹੀਣਤਾ ਪੈਨਸ਼ਨ ਨੂੰ 500 ਰੁਪਏ ਤੋਂ ਵਧਾ ਕੇ 2000 ਰੁਪਏ ਕੀਤਾ ਜਾਵੇਗਾ। 58 ਸਾਲ ਦੀ ਉਮਰ ਤੋਂ ਬਾਅਦ ਹਰ ਕੋਈ ਬੁਢਾਪਾ ਪੈਨਸ਼ਨ ਲੈਣ ਦੇ ਯੋਗ ਹੋਵੇਗਾ।

11. ਹਰ ਪਿੰਡ ਵਿੱਚ ਮਾਡਰਨ ਪਿੰਡ ਸਿਹਤ ਕਲੀਨਿਕ ਖੋਲੇ ਜਾਣਗੇ। ਦਿੱਲੀ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਤਰਜ ਉਤੇ ਮਾਡਰਨ ਪਿੰਡ ਸਿਹਤ ਕਲੀਨਿਕ ਵਿੱਚ ਡਾਕਟਰਾਂ ਦੀ ਮੌਜੂਦਗੀ, ਮੁਫਤ ਦਵਾਈਆਂ ਅਤੇ ਟੈਸਟ ਮੁਹੱਈਆ ਕਰਵਾਏ ਜਾਣਗੇ। ਪੰਜ ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਜਾਵੇਗੀ।

12. ਆਮ ਆਦਮੀ ਪਾਰਟੀ ਦੀ ਸਰਕਾਰ ਦਲਿਤ ਵਰਗ ਲਈ ਸਮਾਜਿਕ ਸੁਰੱਖਿਆ ਸਕੀਮ ਸ਼ੁਰੂ ਕਰੇਗੀ।

13. ਉਚ ਸਿੱਖਿਆ ਗਾਰੰਟੀ ਸਕੀਮ: ਇਹ ਸੁਨਿਸ਼ਚਿਤ ਕਰਨ ਲਈ ਕਿ ਕੋਈ ਵੀ ਬੱਚਾ ਪੈਸਿਆਂ ਦੀ ਘਾਟ ਕਾਰਨ ਉਚ ਸਿੱਖਿਆ ਤੋਂ ਵਾਂਝਾ ਨਾ ਰਹਿ ਜਾਵੇ, ਆਮ ਆਦਮੀ ਪਾਰਟੀ ਦੀ ਸਰਕਾਰ ਦਿੱਲੀ ਦੀ ਤਰਜ ਉਤੇ ਉਚ ਸਿੱਖਿਆ ਗਾਰੰਟੀ ਸਕੀਮ ਸ਼ੁਰੂ ਕਰੇਗੀ, ਜਿਸ ਵਿੱਚ ਸਰਕਾਰ ਦੀ ਗਾਰੰਟੀ ਉਤੇ ਸਿੱਖਿਆ ਲਈ 10 ਲੱਖ ਰੁਪਏ ਲੋਨ ਮੁਹੱਈਆ ਕਰਵਾਇਆ ਜਾਵੇਗਾ। ਕਾਲਜ ਵਿੱਚ ਦਾਖਲੇ ਦੀ ਪੁਸ਼ਟੀ ਹੋਣ ਮਗਰੋਂ ਹੀ ਜਰੂਰਤਮੰਦ ਨੂੰ ਲੋਨ ਮਿਲੇਗਾ। ਦੋਆਬਾ ਖੇਤਰ ਵਿੱਚ ਕਾਂਸ਼ੀ ਰਾਮ ਸਕਿੱਲ ਯੂਨੀਵਰਸਿਟੀ ਹੁਨਰ ਵਿਕਾਸ ਦੇ ਖੇਤਰ ਉਨਤ ਸਿੱਖਿਆ ਮੁਹੱਈਆ ਕਰਵਾਏਗੀ ਅਤੇ ਨਾਲ ਹੀ ਉਨਾਂ ਸਿੱਖਿਅਕਾਂ ਨੂੰ ਟ੍ਰੇਂਡ ਕੀਤਾ ਜਾਵੇਗਾ, ਜੋ ਪੰਜਾਬ ਵਿੱਚ ਹੁਨਰ ਵਿਕਾਸ ਦੇ ਪ੍ਰੋਗਰਾਮ ਚਲਾ ਰਹੇ ਹਨ।

14. ਦਲਿਤ ਲੜਕੀਆਂ ਨੂੰ 12ਵੀਂ ਤੱਕ ਮੁਫਤ ਸਿੱਖਿਆ ਦਿੱਤੀ ਜਾਵੇਗੀ ਤੇ ਇਸਦੇ ਨਾਲ ਹੀ ਹੁਨਰ ਵਿਕਾਸ ਦੀ ਟ੍ਰੇਨਿੰਗ ਵੀ ਮੁਫਤ ਦਿੱਤੀ ਜਾਵੇਗੀ। ਅਨੁਸੂਚਿਤ ਜਾਤਾਂ ਅਤੇ ਵਿਮੁਕਤ ਜਾਤੀਆਂ ਦੀ ਗਰੀਬ ਵਿਦਿਆਰਥੀਆਂ ਨੂੰ ਸਾਰੇ ਜਿਲਿਆਂ ਵਿੱਚ ਹੋਸਟਲਾਂ ਅੰਦਰ ਮੁਫਤ ਰਿਹਾਇਸ਼ ਅਤੇ ਖਾਣਾ ਦਿੱਤਾ ਜਾਵੇਗਾ। ਇਹ ਸਹੂਲਤ ਉਥੇ ਕੰਮ ਕਰਦੇ ਵਰਕਰਾਂ ਨੂੰ ਵੀ ਮਿਲੇਗੀ। ਸਰਕਾਰੀ ਸਕੂਲਾਂ ਵਿੱਚ ਦਲਿਤ ਵਿਦਿਆਰਥੀਆਂ ਤੋਂ ਕੋਈ ਦਾਖਲਾ ਫੀਸ ਨਹੀਂ ਵਸੂਲੀ ਜਾਵੇਗੀ।

15. ਮਿਉਂਸੀਪਲ ਕਮੇਟੀਆਂ ਤੇ ਸਰਕਾਰੀ ਅਦਾਰਿਆਂ ਵਿੱਚ ਸਫਾਈ ਦਾ ਕੰਮ ਕਰਦੇ ਵਰਕਰਾਂ ਨੂੰ ਵਿਸ਼ੇਸ਼ ਵਿੱਤੀ ਲਾਭ ਦਿੱਤੇ ਜਾਣਗੇ। ਪਿੰਡਾਂ ਵਿੱਚ ਦਲਿਤਾਂ ਦੇ ਘਰਾਂ ਤੋਂ ਕੂੜੇ ਅਤੇ ਪਸ਼ੂਆਂ ਦੇ ਗੋਹੇ ਨੂੰ ਸੁੱਟਣ ਲਈ ਪ੍ਰਬੰਧ ਕੀਤੇ ਜਾਣਗੇ।

16. ਆਟਾ ਦਾਲ ਸਕੀਮ ਲਈ ਬਣੇ ਬੀਪੀਐਲ ਰਾਸ਼ਨ ਕਾਰਡਾਂ ਦੀ ਪੂਰੀ ਜਾਂਚ ਕੀਤੀ ਜਾਵੇਗੀ, ਤਾਂ ਜੋ ਇਹ ਸੁਨਿਸ਼ਚਿਤ ਕੀਤਾ ਜਾ ਸਕੇ ਕਿ ਸਕੀਮ ਦਾ ਲਾਭ ਲੋੜਵੰਦਾਂ ਤੱਕ ਪਹੁੰਚ ਰਿਹਾ ਹੈ। ਦਲਿਤ ਕਲੋਨੀਆਂ ਵਿੱਚ ਪੀਣ ਵਾਲਾ ਸਾਫ ਪਾਣੀ, ਸੀਵਰੇਜ ਸਹੂਲਤ ਤੇ ਬਿਜਲੀ ਇੱਕ ਨਿਸ਼ਚਿਤ ਸਮੇਂ ਵਿੱਚ ਮੁਹੱਈਆ ਕਰਵਾ ਦਿੱਤੀ ਜਾਵੇਗੀ।

17. ਵਿਮੁਕਤ ਜਾਤੀਆਂ ਜਿਵੇਂ ਸੈਂਸੀ, ਬਾਹੁਰੀਆ, ਬਾਜੀਗਰ, ਬਾਰਾਡ, ਬੰਗਾਲੀ, ਨਟ ਅਤੇ ਗੰਧਿਆਲਾ ਦੀਆਂ ਮੰਗਾਂ ਉਤੇ ਗੌਰ ਕਰਨ ਲਈ ਇੱਕ ਵੱਖਰਾ ਕਮਿਸ਼ਨ ਗਠਿਤ ਕੀਤਾ ਜਾਵੇਗਾ। ਇੱਕ ਵਿਸ਼ੇਸ਼ ਬੋਰਡ ਉਨਾਂ ਦੇ ਜੀਵਨ ਪੱਧਰ ਨੂੰ ਉਚਾ ਚੁੱਕਣ, ਘੱਟ ਕੀਮਤ ਵਾਲੇ ਪੱਕੇ ਮਕਾਨ ਅਤੇ ਉਨਾਂ ਦੇ ਬੱਚਿਆਂ ਦੀ ਸਕੂਲੀ ਸਿੱਖਿਆ ਨੂੰ ਸੁਨਿਸ਼ਚਿਤ ਕਰੇਗਾ।

18. ਸਰਕਾਰੀ ਵਿਭਾਗਾਂ ਦੀ ਤਰਾਂ ਸਟੇਟ ਬੋਰਡਾਂ ਅਤੇ ਕਾਰਪੋਰੇਸ਼ਨਾਂ ਵਿੱਚ ਵੀ ਦਲਿਤ ਨਾਗਰੀਕਾਂ ਲਈ ਰਾਖਵੇਂਕਰਨ ਦਾ ਇੰਤਜਾਮ ਕੀਤਾ ਜਾਵੇਗਾ।

19. ਦਲਿਤ ਪਰਿਵਾਰਾਂ ਨੂੰ ਮਿਲਣ ਵਾਲੀਆਂ ਮੌਜੂਦਾ ਸਾਰੀਆਂ ਸਬਸਿਡੀਆਂ/ਭਲਾਈ ਸਕੀਮਾਂ ਨੂੰ ਹੋਰ ਮਜਬੂਤ ਕੀਤਾ ਜਾਵੇਗਾ। ਦਲਿਤ ਪਰਿਵਾਰਾਂ ਨੂੰ ਮੁਫਤ ਗੈਸ ਕਨੈਕਸ਼ਨ ਦੇ ਨਾਲ-ਨਾਲ ਸਟੋਵ (ਗੈਸ ਚੁਲਾ) ਵੀ ਦਿੱਤਾ ਜਾਵੇਗਾ। ਦਲਿਤ ਪਰਿਵਾਰਾਂ ਨੂੰ ਮਿਲਣ ਵਾਲੇ ਬਿਜਲੀ ਦੇ 200 ਯੂਨਿਟ ਵਧਾ ਕੇ 400 ਯੂਨਿਟ ਕੀਤੇ ਜਾਣਗੇ।

ਕੰਵਰ ਸੰਧੂ

ਚੇਅਰਪਰਸਨ, ਬੋਲਦਾ ਪੰਜਾਬ ਕਮੇਟੀ

ਦੀ ਯੋਗ ਅਗਵਾਈ ਹੇਠ

ਬੋਲਦਾ ਪੰਜਾਬ

ਬੋਲਦਾ ਪੰਜਾਬ ਕਮੇਟੀ

ਚੰਦਰ ਸੁਤਾ ਡੋਗਰਾ
ਗੁਰਿੰਦਰ ਸਿੰਘ ਬੜਿੰਗ
ਗਗਨਦੀਪ ਸਿੰਘ ਚੱਢਾ
ਦਿਨੇਸ਼ ਚੱਢਾ
ਸਿਮਰਤ ਸੰਧੂ
ਮੁਹੰਮਦ ਓਵੈਸ
ਰਜੇਸ਼ ਸ਼ਰਮਾ
ਡਾ. ਸਾਰਿਕਾ ਵਰਮਾ

ਵੱਲੋਂ ਤਿਆਰ



ਚੋਣ ਨਿਸ਼ਾਨ
ਝਾੜੂ